# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-05-2024**

ਆਮ ਚੋਣਾਂ ਦੇ 5ਵੇਂ ਗੇੜ ਵਿਚ ਅੱਠ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 49 ਸੀਟਾਂ 'ਤੇ ਵੋਟਿੰਗ ਚਲ ਰਹੀ ਏ। 82 ਔਰਤਾਂ ਸਮੇਤ ਕੁੱਲ 695 ਉਮੀਦਵਾਰ ਮੈਦਾਨ ਵਿੱਚ ਨੇ । ਇਹ ਵੋਟਿੰਗ ਸਵੇਰੇ ਸੱਤ ਵਜੇ ਸ਼ੁਰੂ ਹੋਈ ਅਤੇ ਸ਼ਾਮ 6 ਵਜੇ ਤਕ ਚਲੇਗੀ । ਇਸ ਗੇੜ ਵਿੱਚ ਉੱਤਰ ਪ੍ਰਦੇਸ਼ ਦੇ 14, ਮਹਾਰਾਸ਼ਟਰ ਦੇ 13, ਪੱਛਮੀ ਬੰਗਾਲ ਦੇ ਸੱਤ, ਓਡੀਸ਼ਾ ਤੇ ਬਿਹਾਰ ਦੇ ਪੰਜ-ਪੰਜ, ਝਾਰਖੰਡ ਦੇ ਤਿੰਨ, ਜੰਮੂ ਤੇ ਕਸ਼ਮੀਰ ਅਤੇ ਲੱਦਾਖ ਦੇ ਇੱਕ- ਇਕ ਹਲਕੇ ਸ਼ਾਮਲ ਨੇ । ਵੋਟਿੰਗ ਦਾ ਇਹ ਪੜਾਅ ਪੂਰਾ ਹੁੰਦੇ ਹੀ ਰਾਜਨਾਥ ਸਿੰਘ, ਸਮ੍ਰਿਤੀ ਇਰਾਨੀ, ਰਾਹੁਲ ਗਾਂਧੀ, ਚਿਰਾਗ ਪਾਸਵਾਨ, ਰਾਜੀਵ ਪ੍ਰਤਾਪ ਰੂਡੀ, ਰੋਹਿਣੀ ਅਚਾਰੀਆ, ਉਮਰ ਅਬਦੁੱਲਾ ਅਤੇ ਪੀਯੂਸ਼ ਗੋਇਲ ਵਰਗੇ ਦਿੱਗਜ

ਨੇਤਾਵਾਂ ਦਾ ਭਵਿੱਖ, EVM ਵਿੱਚ ਬੰਦ ਹੋ ਜਾਵੇਗਾ। ਪੰਜਵੇਂ ਗੇੜ ਨਾਲ ਕੁੱਲ 428 ਸੀਟਾਂ 'ਤੇ ਚੋਣਾਂ ਮੁਕੰਮਲ ਹੋ ਜਾਣਗੀਆਂ।

---------------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲੜ ਰਹੇ 328 ਉਮੀਦਵਾਰਾਂ ਵਿੱਚੋਂ, 159 ਵੱਖ-ਵੱਖ ਕੌਮੀ ਅਤੇ ਖੇਤਰੀ ਪਾਰਟੀਆਂ ਨਾਲ ਸਬੰਧਤ ਨੇ, ਜਦਕਿ 169 ਆਜ਼ਾਦ ਉਮੀਦਵਾਰ ਵਜੋਂ ਆਪਣੀ ਕਿਸਮਤ ਅਜ਼ਮਾ ਰਹੇ ਨੇ। ਹਾਲਾਂਕਿ ਸੂਬੇ ਦੇ ਹੁਣ ਤਕ ਦੇ ਲੋਕਸਭਾ ਚੋਣਾਂ ਦੇ ਇਤਿਹਾਸ ਵਿਚ ਸਿਰਫ ਤਿੰਨ ਵਾਰ ਹੀ, ਆਜ਼ਾਦ ਉਮੀਦਵਾਰ ਸੰਸਦ ਵਿਚ ਪਹੁੰਚ ਸਕੇ ਨੇ। ਸੂਬੇ ਵਿਚ ਪੋਲਿੰਗ 7ਵੇਂ ਤੇ ਆਖਰੀ ਗੇੜ ਵਿੱਚ, ਪਹਿਲੀ ਜੂਨ ਨੂੰ ਹੋਵੇਗੀ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਭਾਰਤੀ ਜਨਤਾ ਪਾਰਟੀ, ਇੰਡੀਅਨ ਨੈਸ਼ਨਲ ਕਾਂਗਰਸ, ਆਮ ਆਦਮੀ ਪਾਰਟੀ, ਬਹੁਜਨ ਸਮਾਜ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਸਾਰੇ ਹੀ 13 ਲੋਕ ਸਭਾ ਹਲਕਿਆਂ ਵਿੱਚ ਆਪਣੇ ਉਮੀਦਵਾਰ ਉਤਾਰੇ ਨੇ ਜਦਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ***

ਉਮੀਦਵਾਰ 12 ਹਲਕਿਆਂ ਵਿੱਚ ਚੋਣ ਲੜ ਰਹੇ ਨੇ ਅਤੇ ਖਡੂਰ ਸਾਹਿਬ ਹਲਕੇ ਵਿੱਚ ਇਸ ਪਾਰਟੀ ਨੇ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਉਮੀਦਵਾਰ ਨੂੰ ਆਪਣਾ ਸਮਰਥਨ ਦਿੱਤਾ ਏ। ਭਾਰਤੀ ਕਮਿਊਨਿਸਟ ਪਾਰਟੀ-ਮਾਰਕਸਵਾਦੀ ਦੇ ਇੱਕਲੌਤੇ ਉਮੀਦਵਾਰ ਜਲੰਧਰ ਹਲਕੇ ਤੋਂ ਚੋਣ ਮੈਦਾਨ ਵਿਚ ਨੇ ਜਦਕਿ ਭਾਰਤੀ ਕਮਿਊਨਿਸਟ ਪਾਰਟੀ ਦੇ ਉਮੀਦਵਾਰ ਅੰਮ੍ਰਿਤਸਰ, ਖਡੂਰ ਸਾਹਿਬ ਅਤੇ ਫਰੀਦਕੋਟ ਤੋਂ ਚੋਣ ਲੜ ਰਹੇ ਨੇ। ਆਮ ਆਦਮੀ ਪਾਰਟੀ ਦੇ ਪੰਜ ਮੰਤਰੀਆਂ ਤੇ ਤਿੰਨ ਵਿਧਾਇਕਾਂ ਤੋਂ ਇਲਾਵਾ ਕਾਂਗਰਸ ਪਾਰਟੀ, ਬਹੁਜਨ ਸਮਾਜ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੂਬਾ ਪ੍ਰਧਾਨ ਦੀ ਕਿਸਮਤ ਵੀ ਦਾਅ ਤੇ ਲੱਗੀ ਹੋਈ ਏ। ਔਰਤਾਂ ਨੂੰ ਟਿਕਟਾਂ ਦੇਣ ਵਿੱਚ ਭਾਰਤੀ ਜਨਤਾ ਪਾਰਟੀ ਮੋਹਰੀ ਏ ਜਿਸਨੇ ਪਟਿਆਲਾ, ਬਠਿੰਡਾ ਅਤੇ ਹੁਸ਼ਿਆਰਪੁਰ ਵਿੱਚ ਆਪਣੇ ਮਹਿਲਾ ਆਗੂਆਂ ਨੂੰ ਟਿਕਟ ਦਿੱਤੀ ਏ ਜਦਕਿ ਕਾਂਗਰਸ ਪਾਰਟੀ ਨੇ ਹੁਸ਼ਿਆਰਪੁਰ ਤੇ ਫਰੀਦਕੋਟ ਤੋਂ ਮਹਿਲਾ ਉਮੀਦਵਾਰ ਚੋਣਾਂ ਮੈਦਾਨ ਵਿਚ ਉਤਾਰੇ ਨੇ। ਸੂਬੇ ਵਿਚ ਸੱਤਾਧਾਰੀ ਆਮ ਆਦਮੀ ਪਾਰਟੀ ਨੇ

***<u>ਇੱਕ ਵੀ ਮਹਿਲਾ ਉਮੀਦਵਾਰ ਨੂੰ ਟਿਕਟ ਨਹੀਂ ਦਿੱਤੀ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ</u>***

---------------------------------------------------------

ਪ੍ਰਧਾਨ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਦੋਸ਼ ਲਗਾਇਆ ਏ, ਕਿ ਕਾਂਗਰਸ ਨੇ ਸਮੇਂ-ਸਮੇਂ 'ਤੇ ਭਾਰਤੀ ਸੰਵਿਧਾਨ ਦਾ ਅਪਮਾਨ ਕੀਤਾ ਏ। ਡੀ ਡੀ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ ਉਨਾਂ ਕਿਹਾ ਕਿ ਉਹ, ਡਾ. ਬੀ. ਆਰ. ਅੰਬੇਡਕਰ ਅਤੇ ਸੰਵਿਧਾਨ ਸਭਾ ਦੇ ਮੈਂਬਰਾਂ ਦਾ ਬਹੁਤ ਸਤਿਕਾਰ ਕਰਦੇ ਨੇ, ਜਿਨ੍ਹਾਂ ਨੇ ਅਜਿਹਾ ਸੰਵਿਧਾਨ ਤਿਆਰ ਕੀਤਾ, ਜਿਸ ਨੇ ਇੱਕ ਚਾਹ ਵੇਚਣ ਵਾਲੇ ਨੂੰ ਪ੍ਰਧਾਨ ਮੰਤਰੀ ਬਣਨ ਦਾ ਮੌਕਾ ਦਿੱਤਾ। ਨਰੇਂਦਰ ਮੋਦੀ ਨੇ ਕਿਹਾ ਕਿ ਉਨ੍ਹਾਂ ਲਈ ਸੰਵਿਧਾਨ ਸਰਕਾਰ ਚਲਾਉਣ ਲਈ ਮਾਰਗ ਦਰਸ਼ਕ ਏ। ਉਨਾਂ ਕਿਹਾ ਕਿ ਦੇਸ਼ ਦਾ ਪੂਰਬੀ ਹਿੱਸਾ ਜਿਵੇਂ ਕਿ ਉੜੀਸਾ, ਝਾਰਖੰਡ, ਬਿਹਾਰ, ਬੰਗਾਲ ਅਤੇ ਪੂਰਬੀ ਉੱਤਰ ਪ੍ਰਦੇਸ਼, ਦੇਸ਼ ਦਾ ਵਿਕਾਸ ਇੰਜਣ ਬਣ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਭਾਰਤ ਦੀ ਨਾਰੀ ਸ਼ਕਤੀ ਦੀ ਸਮਰੱਥਾ ਲਗਾਤਾਰ ਵੱਧ ਰਹੀ ਏ ਅਤੇ ਉਨ੍ਹਾਂ ਕੋਲ

ਅਰਥ-ਵਿਵਸਥਾ ਪੂਰੀ ਤਰ੍ਹਾਂ ਬਦਲਣ ਦੀ ਸਮਰੱਥਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਕ ਨਿਊਜ਼ ਏਜੰਸੀ ਨੂੰ ਦਿੱਤੇ ਇੰਟਰਵਿਊ ਵਿਚ ਕਿਹਾ ਕਿ ਉਨ੍ਹਾਂ ਨੇ ਘੱਟ ਗਿਣਤੀਆਂ ਖਿਲਾਫ ਇਕ ਸ਼ਬਦ ਨਹੀਂ ਬੋਲਿਆ। ਹਾਲਾਂਕਿ ਉਹ ਕਾਂਗਰਸ ਦੀ ਵੋਟ ਬੈਂਕ ਦੀ ਰਾਜਨੀਤੀ ਦੇ ਖਿਲਾਫ ਨੇ। ਉਨਾਂ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਅਤੇ ਪੰਡਿਤ ਜਵਾਹਰ ਲਾਲ ਨਹਿਰੂ ਸਮੇਤ ਭਾਰਤ ਦੇ ਸੰਵਿਧਾਨ ਨਿਰਮਾਤਾਵਾਂ ਨੇ ਫੈਸਲਾ ਕੀਤਾ ਏ, ਕਿ ਧਰਮ ਦੇ ਆਧਾਰ 'ਤੇ ਰਾਖਵਾਂਕਰਨ ਨਹੀਂ ਦਿੱਤਾ ਜਾਵੇਗਾ।

-----------------------------------------------------

ਪੰਜਾਬ ਵਿੱਚ ਜਬਰਦਸਤ ਗਰਮੀ ਦਾ ਕਹਿਰ ਹੋਰ ਜ਼ਿਆਦਾ ਵੱਧ ਗਿਆ ਏ। ਮੌਸਮ ਵਿਭਾਗ ਨੇ ਵੀ ਆਉਂਦੇ ਕੋਈ 4 ਤੋਂ 5 ਦਿਨ ਲਈ ਲੂ ਸੰਬੰਧੀ ਯੈਲੋ, ਓਰੇਂਜ ਤੇ ਰੇਡ ਅਲਰਟ ਜਾਰੀ ਕੀਤਾ ਏ। ਸੂਬੇ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ ਇਸ ਵੇਲੇ 42 ਡਿਗਰੀ ਸੈਲਸੀਅਸ ਤੋਂ ਵੱਧ ਚਲ ਰਿਹਾ ਏ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਹੀ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਅਤੇ ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ ਦੀ ਸਲਾਹ

ਦਿੱਤੀ ਏ। ਇਸਦੇ ਨਾਲ ਹੀ ਪਾਣੀ ਜਾਂ ORS ਘੋਲ ਲਗਾਤਾਰ ਪੀਣ ਲਈ ਆਖਿਆ ਗਿਆ ਏ। ਬਠਿੰਡਾ ਵਿਚ ਕਲ ਤਾਪਮਾਨ 46.4 ਡਿਗਰੀ ਸੈਲਸੀਅਸ ਦਰਜ਼ ਕੀਤਾ ਗਿਆ ਜਦਕਿ ਪਠਾਨਕੋਟ ਵਿਚ 45.5 , ਪਟਿਆਲਾ ਵਿਚ 45 , ਪਠਾਨਕੋਟ ਵਿਚ 44.6 , ਫਰੀਦਕੋਟ ਤੇ ਬਰਨਾਲਾ ਵਿਚ 44 - 44 ਅਤੇ ਜਲੰਧਰ ਦੇ ਨੂਰਮਹਿਲ ਵਿਚ 43.1 ਡਿਗਰੀ ਸੈਲਸੀਅਸ ਦਰਜ਼ ਕੀਤਾ ਗਿਆ। ਅੱਜ ਵੀ ਗਰਮੀ ਦਾ ਅਜਿਹਾ ਹੀ ਮੌਸਮ ਬਣਿਆ ਰਹੇਗਾ ਅਤੇ ਲੂ ਚਲਦੀ ਰਹੇਗੀ।

---------------------------------------------------

ਇਸ ਦੌਰਾਨ ਗਰਮੀ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ, ਸਿੱਖਿਆ ਵਿਭਾਗ ਨੇ ਪੰਜਾਬ ਦੇ ਸਾਰੇ ਸਕੂਲਾਂ ਵਿਚ ਗਰਮੀ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਏ । ਵਿਭਾਗ ਦੇ ਤਾਜ਼ਾ ਹੁਕਮ ਅਨੁਸਾਰ ਸਮੂਹ ਸਰਕਾਰੀ, ਪ੍ਰਾਈਵੇਟ, ਏਡਿਡ ਅਤੇ ਮਾਨਤਾ ਪ੍ਰਾਪਤ ਸਕੂਲਾਂ ਵਿਚ, 21 ਮਈ ਤੋਂ 30 ਜੂਨ ਤੱਕ ਛੁੱਟੀਆਂ ਕੀਤੀਆਂ ਗਈਆਂ ਨੇ।

------------------------------------------------------------

ਪਠਾਨਕੋਟ ਦੇ ਜ਼ਿਲਾ ਚੋਣ ਅਧਿਕਾਰੀ ਅਦਿੱਤਿਆ ਉੱਪਲ ਦੀ ਪ੍ਰਧਾਨਗੀ ਹੇਠ ਲੋਕ ਸਭਾ ਚੋਣਾਂ ਸਬੰਧੀ ਅੰਤਰ-ਰਾਜੀ ਮੀਟਿੰਗ ਕੀਤੀ ਗਈ । ਰਣਜੀਤ ਸਾਗਰ ਡੈਮ ਪ੍ਰੋਜੈਕਟ ਦੇ ਕਮੇਟੀ ਹਾਲ ਵਿੱਚ ਹੋਈ ਮੀਟਿੰਗ ਵਿੱਚ ਪਠਾਨਕੋਟ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਅਤੇ ਜੰਮੂ ਕਸ਼ਮੀਰ ਦੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਦੌਰਾਨ ਕਿਸੇ ਵੀ ਕਿਸਮ ਦਾ ਨਸ਼ਾ, ਸ਼ਰਾਬ ਬਾਹਰਲੇ ਰਾਜਾਂ ਤੋਂ ਪੰਜਾਬ ਵਿੱਚ ਦਾਖਲ ਨਾ ਹੋ ਸਕੇ ਇਸ ਲਈ ਜ਼ਿਲ੍ਹਾ ਪਠਾਨਕੋਟ ਪੁਲਿਸ, ਲਗਾਤਾਰ ਚੌਕਸੀ ਰੱਖ ਰਹੀ ਏ ਅਤੇ ਛੋਟੀ ਤੋਂ ਛੋਟੀ ਗਤੀਵਿਧੀ ਨੂੰ ਵੀ ਗੰਭੀਰਤਾ ਨਾਲ ਲੈ ਰਹੀ ਏ । ਉਨ੍ਹਾਂ ਦੱਸਿਆ ਕਿ ਹਿਮਾਚਲ ਪ੍ਰਦੇਸ਼ ਤੋਂ ਲਾਹਣ ਦੀ ਤਸਕਰੀ ਰੋਕਣ ਲਈ ਵੀ ਵਿਸ਼ੇਸ਼ ਮੁਹਿੰਮ ਚਲਾਈ ਗਈ ਏ ।